**Gurmat Chetna March dedicated to Guru Amardas ji and Guru Ramdas ji**

To commemorate the 450th Jyoti Jot Divas of Sri Guru Amardas Ji and the 450th Guriai Divas of Sri Guru Ramdas Ji, a Gurmat Awareness March was held on September 12, 2024, at Sri Guru Teg Bahadur Khalsa College, Sri Anandpur Sahib. The purpose of the event was to encourage  students to embrace Sikh principles, values. In observance of the spiritual legacies of both Gurus, students assembled in reverence, chanting Gurbani and disseminating teachings of faith, humility, and togetherness.



# ਖਾਲਸਾ ਕਾਲਜ ਵੱਲੋਂ ਕੱਢਿਆ ਗਿਆ ਗੁਰਮਤਿ ਚੇਤਨਾ ਮਾਰਚ

## ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤਿ ਦਿਵਸ 450 ਸਾਲਾ ਸ਼ਤਾਬਦੀ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ 450 ਸਾਲਾ ਗੁਰਿਆਈ ਦਿਵਸ ਨੂੰ ਕੀਤਾ ਗਿਆ ਸਮਰਪਿਤ

ਸ੍ਰੀ ਅਨੰਦਪੁਰ ਸਾਹਿਬ, 12 ਸਤੰਬਰ (ਚਾਨਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਅਧੀਨ ਚੱਲ ਰਹੀ ਸਥਾਨਕ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਦੀ ਅਗਵਾਈ ਵਿੱਚ ਸ੍ਰੀ ਗੁਰੂ ਰਾਮਦਾਸ ਜੀ ਦੇ 450 ਸਾਲਾ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤਿ ਦਿਵਸ 450 ਸਾਲਾ ਸ਼ਤਾਬਦੀ ਨੂੰ ਸਮਰਪਿਤ ਅਥਾਹ ਸ਼ਰਧਾ ਭਾਵਨਾ ਨਾਲ ਗੁਰਮਤਿ ਚੇਤਨਾ ਮਾਰਚ ਕੱਢਿਆ ਗਿਆ। ਇਸ ਉਪਰੰਤ ਕਾਲਜ ਦੇ ਸਟਾਫ ਤੇ ਵਿਦਿਆਰਥੀਆਂ ਵੱਲੋਂ ਗੁਰਮਤਿ ਚੇਤਨਾ ਮਾਰਚ ਕਾਲਜ ਤੋਂ ਲੈ ਕੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸੰਪੂਰਨ ਕੀਤਾ ਗਿਆ।ਇਸ ਸਮਾਗਮ ਵਿੱਚ ਭਾਈ ਅਮਰਜੀਤ ਸਿੰਘ ਚਾਵਲਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੋਰ ਨੁਮਾਇੰਦਿਆਂ ਦੁਆਰਾ ਵਿਸ਼ੇਸ਼ ਤੌਰ ਤੇ ਸਮੂਲੀਅਤ ਕੀਤੀ ਗਈ।ਇਸ ਮੌਕੇ ਕਾਲਜ ਵਿੱਚ ਸਥਿਤ ਇਤਿਹਾਸਿਕ ਗੁਰਦੁਆਰਾ ਪ੍ਰਦੇਸ਼ੀ ਬਾਗ਼ ਵਿਖੇ ਜਪੁਜੀ ਸਾਹਿਬ ਅਤੇ ਚੌਪਈ ਸਾਹਿਬ ਦੇ ਪਾਠ ਕੀਤੇ ਗਏ। ਇਸ ਦੌਰਾਨ ਖਾਲਸਾ ਕਾਲਜ ਦੇ ਸੰਗੀਤ ਵਿਭਾਗ ਦੇ ਪ੍ਰੋਫੈਸਰ ਰਮਨਪ੍ਰੀਤ ਸਿੰਘ ਦੀ ਅਗਵਾਈ ਵਿੱਚ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਕਰਕੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਕਿਹਾ ਕਿ ਗੁਰੂ ਸਾਹਿਬਾਨਾਂ ਦੇ ਦਿਹਾੜੇ ਮਨਾਉਣ ਦੇ ਮਨੋਰਥ ਨਾਲ ਨੌਜਵਾਨ ਪੀੜ੍ਹੀ ਨੂੰ ਆਪਣੇ ਧਾਰਮਿਕ ਵਿਰਸੇ ਨਾਲ ਜੋੜਿਆ ਜਾ ਸਕਦਾ ਹੈ। ਉਹਨਾਂ ਨੇ ਕਿਹਾ ਕਿ ਗੁਰੂ ਸਾਹਿਬਾਨਾਂ ਦੁਆਰਾ ਪਾਏ ਗਏ ਪੂਰਨਿਆਂ ਤੇ ਚੱਲਣ ਦੀ ਅੱਜ ਹੋਰ ਵੀ ਵਧੇਰੇ ਲੋੜ ਹੈ, ਇਸ ਦੇ ਨਾਲ ਹੀ ਉਨ੍ਹਾਂ ਨੇ ਗੁਰਮਤਿ ਚੇਤਨਾ ਮਾਰਚ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਉਤਸ਼ਾਹਿਤ ਕੀਤਾ।